# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 26-02-2025**

ਮਹਾਕੁੰਭ ਮੇਲਾ 2025 ਅੱਜ ਮਹਾ ਸ਼ਿਵਰਾਤਰੀ ਤਿਉਹਾਰ ਦੇ ਮੌਕੇ ਤੇ ਪ੍ਰਯਾਗਰਾਜ ਵਿਚ ਸੰਪੂਰਨ ਹੋ ਰਿਹਾ ਏ। ਦੇਸ਼ ਭਰ ਤੋਂ ਸ਼ਰਧਾਲੂ ਅੱਜ ਸਵੇਰ ਤੋਂ ਹੀ ਪ੍ਰਯਾਗਰਾਜ ਦੇ ਸੰਗਮ ਤੇ ਹੋਰ ਘਾਟਾਂ ਉੱਤੇ ਇਸ਼ਨਾਨ ਕਰ ਰਹੇ ਨੇ। 13 ਜਨਵਰੀ ਨੂੰ ਸ਼ੁਰੂ ਹੋਏ ਮਹਾਕੁੰਭ ਮੇਲੇ ਵਿਚ ਛੇ ਹਫ਼ਤਿਆਂ ਵਿਚ ਹੁਣ ਤੱਕ 64 ਕਰੋੜ 60 ਲੱਖ ਤੋਂ ਵੱਧ ਲੋਕ ਆ ਚੁੱਕੇ ਨੇ, ਜਿਸ ਨਾਲ ਇਹ ਵਿਸ਼ਵ ਵਿਚ ਮਨੁੱਖਤਾ ਦਾ ਸਭ ਤੋਂ ਵੱਡਾ ਇਕੱਠ ਏ। ਇਕ ਦੁਰਲੱਭ ਆਕਾਸ਼ੀ ਸੰਜੋਗ ਜੋ 144 ਸਾਲਾਂ ਵਿਚ ਸਿਰਫ਼ ਇਕ ਵਾਰ ਵਾਪਰਦਾ ਏ, ਇਸ ਸਾਲ ਦੇ ਮਹਾਕੁੰਭ ਦੀ ਵਿਸ਼ੇਸ਼ਤਾ ਰਿਹਾ।

---

ਪੰਜਾਬ ਦੇ ਵੱਖ ਵੱਖ ਉਦਯੋਗਪਤੀਆਂ ਤੇ ਵਪਾਰੀਆਂ ਦੇ ਵਫਦ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕੀਤੀ। ਵਫਦ ਨੇ ਇਸ

ਦੌਰਾਨ ਕਿਹਾ ਕਿ ਮੌਜੂਦਾ ਕਿਸਾਨ ਅੰਦੋਲਨ ਕਾਰਨ ਸ਼ੰਭੂ ਸਰਹੱਦ ‘ਤੇ ਆਵਾਜਾਈ ਠੱਪ ਹੋਣ ਕਾਰਨ ਕਾਰੋਬਾਰੀ ਗਤੀਵਿਧੀਆਂ ਪ੍ਰਭਾਵਿਤ ਹੋ ਰਹੀਆਂ ਨੇ। ਉਨਾਂ ਨੇ ਇਸ ਰਸਤੇ ਤੋਂ ਆਵਾਜਾਈ ਖੋਲ੍ਹਣ ਲਈ ਮੁੱਖ ਮੰਤਰੀ ਦੇ ਦਖਲ ਦੀ ਮੰਗ ਕੀਤੀ ਤੇ ਆਪਣੀਆਂ ਹੋਰ ਸਮੱਸਿਆਵਾਂ ਦੱਸੀਆਂ। ਮੁੱਖ ਮੰਤਰੀ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਉਦਯੋਗਪਤੀਆਂ ਤੇ ਵਪਾਰੀਆਂ ਦੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਵਚਨਬੱਧ ਏ।

----------------------------------------------------------

ਪੰਜਾਬ ਵਿਧਾਨ ਸਭਾ ਨੇ ‘ਪੰਜਾਬ ਜਲ ਸਰੋਤ (ਪ੍ਰਬੰਧ ਤੇ ਨਿਆਮਕ ) ਸੋਧ ਬਿੱਲ, 2025’ ਪਾਸ ਕਰ ਦਿੱਤਾ ਏ । ਇਹ ਬਿੱਲ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਲ ਵਿਧਾਨ ਸਭ ਵਿਚ ਪੇਸ਼ ਕੀਤਾ। ਇਹ ਬਿੱਲ ਪੰਜਾਬ ਜਲ ਸਰੋਤ (ਪ੍ਰਬੰਧਨ ਤੇ ਨਿਆਮਕ ) ਐਕਟ, 2020 ਵਿਚ ਸੋਧ ਕਰਨ ਲਈ ਪੇਸ਼ ਕੀਤਾ ਗਿਆ ਤੇ ਇਸ ਰਾਹੀਂ 2020 ਐਕਟ ਦੀ ਧਾਰਾ 6 ਵਿਚ ਸੋਧ ਕੀਤੀ ਗਈ ਏ । ਸੋਧ ਮੁਤਾਬਕ, ਕੋਈ ਵੀ ਵਿਅਕਤੀ, ਜਿਸ ਦੀ ਉਮਰ 65 ਸਾਲ ਹੋ ਗਈ ਏ,

ਪੰਜਾਬ ਜਲ ਪ੍ਰਬੰਧ ਅਤੇ ਵਿਕਾਸ ਅਥਾਰਟੀ ਦੇ ਚੇਅਰਪਰਸਨ ਜਾਂ ਹੋਰ ਮੈਂਬਰ ਵਜੋਂ ਸੇਵਾ ਨਹੀਂ ਨਿਭਾਏਗਾ। ਚੇਅਰਪਰਸਨ ਜਾਂ ਹੋਰ ਮੈਂਬਰ ਇੱਕੋ ਸਮੇਂ ਤਿੰਨ ਸਾਲਾਂ ਤੋਂ ਵੱਧ ਦੇ ਕਾਰਜਕਾਲ ਤੱਕ ਅਹੁਦਾ ਨਹੀਂ ਸੰਭਾਲਣਗੇ, ਉਨ੍ਹਾਂ ਦੇ ਕਾਰਜਕਾਲ ਦੀ ਤਿੰਨ ਸਾਲਾਂ ਦੀ ਇਸ ਮਿਆਦ ਨੂੰ 5 ਸਾਲਾਂ ਤੱਕ ਵਧਾਇਆ ਜਾ ਸਕਦਾ ਏ ਬਸ਼ਰਤੇ ਉਨ੍ਹਾਂ ਦੀ ਕਾਰਗੁਜ਼ਾਰੀ, ਮਾਮਲਿਆਂ ਦੇ ਪ੍ਰਬੰਧ ਦੀ ਸਮਰੱਥਾ ਵਧੀਆ ਹੋਵੇ।

--------------------------------------------------

ਦੇਸ਼ ਦੀ ਸੇਵਾ ਕਰਦਿਆਂ ਆਪਣੀਆਂ ਮਹਾਨ ਕੁਰਬਾਨੀਆਂ ਦੇਣ ਵਾਲੇ 21 ਸੈਨਿਕਾਂ, ਜਿਨ੍ਹਾਂ ਵਿੱਚ 12 ਸ਼ਹੀਦ ਸੈਨਿਕ ਅਤੇ 9 ਦਿਵਿਆਂਗ ਸੈਨਿਕ ਸ਼ਾਮਲ ਨੇ, ਦੇ ਆਸ਼ਰਿਤਾਂ ਨੂੰ ਸਰਕਾਰੀ ਮਦਦ ਵਜੋਂ 10 ਕਰੋੜ 97 ਲਖ 50 ਹਜ਼ਾਰ ਰੁਪਏ ਰਾਸ਼ੀ ਦੀ ਵੰਡ ਕੀਤੀ ਗਈ ਏ । ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਇਹ ਜਾਣਕਾਰੀ ਦਿੰਦਿਆਂ ਕਿਹਾ ਕਿ ਸੂਬੇ ਦੇ ਨੌਜਵਾਨਾਂ ਨੇ ਹਥਿਆਰਬੰਦ ਸੈਨਾਵਾਂ ਵਿਚ ਮਹੱਤਵਪੂਰਨ ਯੋਗਦਾਨ ਪਾਇਆ ਏ । ਜਾਬ ਦੇ ਸੈਨਿਕਾਂ ਨੇ ਵੱਖ-ਵੱਖ ਜੰਗਾਂ ਵਿਚ ਬੇਮਿਸਾਲ ਬਹਾਦਰੀ ਦਿਖਾਈ

ਏ , ਜਿਸ ਸਦਕਾ ਸਾਡੇ ਦੇਸ਼ ਨੇ ਬਹੁਤ ਨਾਮਣਾ ਖੱਟਿਆ ਏ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਇਨ੍ਹਾਂ ਸ਼ਹੀਦਾਂ ਦੇ ਆਸ਼ਰਿਤਾਂ ਨੂੰ ਬਣਦਾ ਸਨਮਾਨ ਅਤੇ ਵਿੱਤੀ ਸਹਾਇਤਾ ਦੇਣਾ ਯਕੀਨੀ ਬਣਾ ਰਹੀ ਏ।

---------------------------------------------------------

ਮਹਾਸ਼ਿਵਰਾਤਰੀ ਦਾ ਤਿਓਹਾਰ ਅੱਜ ਦੇਸ਼ ਭਰ ਵਿਚ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ ਦ੍ਰੌਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪਣੇ ਸੁਨੇਹਿਆਂ ਵਿਚ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਤੇ ਦੇਸ਼ ਦੀ ਪ੍ਰਗਤੀ ਦੀ ਕਾਮਨਾ ਕੀਤੀ।

---------------------------------------------------------

ਪੰਜਾਬ ਸਮੇਤ ਦੇਸ਼ ਭਰ ਵਿਚ ਮਹਾਸ਼ਿਵਰਾਤਰੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਏ, ਸਵੇਰ ਤੋਂ ਲੋਕ ਮੰਦਰਾਂ ਵਿਚ ਨਤਮਸਤਕ ਹੋਣ ਪੁੱਜ ਰਹੇ ਨੇ। ਅੰਮ੍ਰਿਤਸਰ ਵਿਚ ਮਹਾਸ਼ਿਵਰਾਤਰੀ ਮੌਕੇ ਸ਼ਿਵਾਲਾ ਬਾਗ ਭਾਈਆਂ ਵਿਚ ਰੌਣਕਾਂ ਦੇਖੀਆਂ ਗਈਆਂ। ਤੜਕਸਾਰ ਤੋਂ ਸ਼ਰਧਾਲੂ ਕਤਾਰਾਂ ਵਿਚ ਲੱਗ ਕੇ ਭੋਲੇਨਾਥ ਦੇ ਦਰਸ਼ਨ ਕਰਨ ਪੁੱਜੇ ਸਨ। ਮੋਹਾਲੀ

ਵਿਚ ਵੀ ਮਹਾਸ਼ਿਵਰਾਤਰੀ ਨੂੰ ਲੈ ਕੇ ਸ਼ਰਧਾਲੂਆਂ ਵਿਚ ਉਤਸ਼ਾਹ ਰਿਹਾ। ਬੀਤੀ ਰਾਤ ਇੱਥੇ ਸ਼ਿਵ-ਪਾਰਵਤੀ ਵਿਆਹ ਪੁਰਬ ਮਨਾਇਆ ਗਿਆ ਸੀ। ਅੱਜ ਸਵੇਰ ਤੋਂ ਸ਼ਰਧਾਲੂਆਂ ਨੇ ਸ਼ਿਵਲਿੰਗ ਉੱਤੇ ਜਲ, ਦੁੱਧ ਤੇ ਬੇਲ ਪੱਤਰ ਅਰਪਣ ਕੀਤੇ।

---------------------------------------------------

ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਜ਼ਿਲ੍ਹਾ ਪੁਲਿਸ ਵਲੋਂ ਵਿੱਢੀ ਮੁਹਿੰਮ ਤਹਿਤ ਜਲੰਧਰ ਦਿਹਾਤੀ ਪੁਲਿਸ ਨੇ ਦੋ ਵੱਖ-ਵੱਖ ਮਾਮਲਿਆਂ ਵਿੱਚ ਤਿੰਨ ਮਹਿਲਾ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰ ਕੇ 160 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਨੇ। ਇਹ ਗ੍ਰਿਫਤਾਰੀਆਂ ਫਿਲੌਰ ਪੁਲਿਸ ਨੇ ਗੰਨਾ ਪਿੰਡ ਵਿਖੇ ਕੀਤੀਆਂ ਨੇ। ਫੜੀਆਂ ਗਈਆਂ ਮਹਿਲਾਵਾਂ ਦੀ ਪਛਾਣ ਅਨੀਤਾ ਰਾਣੀ, ਪ੍ਰੀਤੀ ਤੇ ਰਾਣੀ ਵਜੋਂ ਹੋਈ ਏ। ਐਸ.ਐਸ.ਪੀ. ਜਲੰਧਰ ਦਿਹਾਤੀ ਹਰਕਮਲ ਪ੍ਰੀਤ ਸਿੰਘ ਖੱਖ ਦੱਸਿਆ ਕਿ ਪੁਲਿਸ ਨੇ ਟੀਮ ਨੇ 22 ਫਰਵਰੀ ਨੂੰ ਅਨੀਤਾ ਰਾਣੀ ਨੂੰ ਰੋਕਿਆ ਅਤੇ ਉਸਦੇ ਕੋਲੋਂ 70 ਨਸ਼ੀਲੀਆਂ ਗੋਲੀਆਂ ਸਣੇ ਗ੍ਰਿਫ਼ਤਾਰ ਕੀਤਾ ਸੀ। ਪੁੱਛਗਿੱਛ ਤੋਂ ਬਾਅਦ ਪੁਲਿਸ ਟੀਮ ਨੇ 24 ਫਰਵਰੀ ਨੂੰ ਰਾਣੀ ਅਤੇ ਪ੍ਰੀਤੀ ਨੂੰ

ਗ੍ਰਿਫ਼ਤਾਰ ਕੀਤਾ ਅਤੇ ਇਹਨਾਂ ਵਿਚੋਂ ਹਰੇਕ ਕੋਲੋਂ 45-45 ਗੋਲੀਆਂ ਬਰਾਮਦ ਕੀਤੀਆਂ। ਐਸ.ਐਸ.ਪੀ. ਨੇ ਦੱਸਿਆ ਕਿ ਪੁਛਗਿੱਛ ਕਰਨ 'ਤੇ ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਉਹ ਲੰਬੇ ਸਮੇਂ ਤੋਂ ਆਲੇ-ਦੁਆਲੇ ਦੇ ਇਲਾਕਿਆਂ ਵਿਚ ਨੈੱਟਵਰਕ ਚਲਾ ਕੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰ ਰਹੇ ਨੇ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸਿਵਲ ਸਰਜਨ ਦਫ਼ਤਰ ਗੁਰਦਾਸਪੁਰ ਵਿਚ ਤਾਇਨਾਤ ਵਾਰਡ ਅਟੈਂਡੈਂਟ ਰਵਿੰਦਰਪਾਲ ਨੂੰ 30 ਹਜਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੀ ਹੱਥੀਂ ਕਾਬੂ ਕੀਤਾ ਏ। ਰਾਜ ਵਿਜੀਲੈਂਸ ਬਿਊਰੋ ਮੁਤਾਬਕ ਬਟਾਲਾ ਦੇ ਪਿੰਡ ਫੂਲਕੇ ਦੇ ਵਸਨੀਕ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰ ਕੇ ਦੋਸ਼ ਲਗਾਇਆ ਸੀ ਕਿ ਇਸ ਮੁਲਜ਼ਮ ਨੇ ਉਸ ਦੇ ਚਾਚੇ ਦੀ ਮੌਤ ਦਾ ਸਰਟੀਫਿਕੇਟ ਜਾਰੀ ਕਰਨ ਬਦਲੇ 40,000 ਰੁਪਏ ਮੰਗੇ ਸਨ। ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਂਚ ਮਗਰੋਂ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿਚ ਮੁਲਜਮ ਨੂੰ 30,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ।